# ਪ੍ਰੈਸ ਨੋਟ

## ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਟਰੱਕ ਵਿੱਚੋਂ 204 ਕਿਲੋਗ੍ਰਾਮ ਪੋਸਤ ਸਮੇਤ 01 ਕਾਬੂ

ਸ੍ਰੀ ਮੁਕਤਸਰ ਸਾਹਿਬ (    ) ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਸ੍ਰੀ ਗੌਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ ਪੰਜਾਬ, ਸ੍ਰੀ ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐਸ., ਇੰਸਪੈਕਟਰ ਜਨਰਲ ਪੁਲਿਸ, ਫਰੀਦਕੋਟ ਰੇਂਜ, ਫਰੀਦਕੋਟ ਜੀ ਦੀਆਂ ਹਦਾਇਤਾ ਤਹਿਤ, ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ., ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਜੀ ਵੱਲੋਂ ਜਿਲ੍ਹਾ ਅੰਦਰ ਨਸ਼ਿਆਂ ਅਤੇ ਸ਼ਰਾਰਤੀ ਅਨਸਰਾਂ ਖਿਲਾਫ ਵਿੱਢੀ ਮੁਹਿੰਮ ਦੌਰਾਨ ਸ੍ਰੀ ਸੰਜੀਵ ਗੋਇਲ ਪੀ.ਪੀ.ਐਸ,ਉੱਪ ਕਪਤਾਨ ਪੁਲਿਸ (ਐਨ.ਡੀ.ਪੀ.ਐਸ),ਸ੍ਰੀ ਮੁਕਤਸਰ ਸਾਹਿਬ ਦੀ ਨਿਗਰਾਨੀ ਹੇਠ ਇੰਸਪੈਕਟਰ ਗੁਰਵਿੰਦਰ ਸਿੰਘ ਇੰਚਾਰਜ ਸੀ.ਆਈ.ਏ. ਸ੍ਰੀ ਮੁਕਤਸਰ ਸਾਹਿਬ ਵੱਲੋਂ ਇੱਕ ਟਰੱਕ ਵਿੱਚੋਂ 204 ਕਿਲੋਗ੍ਰਾਮ ਪੋਸਤ ਸਮੇਤ 01 ਵਿਅਕਤੀ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ।

ਜਿਲ੍ਹਾ ਪੁਲਿਸ ਮੁਖੀ ਵੱਲੋਂ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਜਿਲ੍ਹਾ ਪੁਲਿਸ ਵੱਲੋਂ ਨਸ਼ਿਆਂ ਖਿਲਾਫ ਇੱਕ ਵਿਸ਼ੇਸ਼ ਮੁਹਿੰਮ ਵਿੱਢੀ ਗਈ ਹੈ ਜਿਸ ਦੇ ਚੱਲਦਿਆਂ ਇੰਸਪੈਕਟਰ ਗੁਰਵਿੰਦਰ ਸਿੰਘ ਇੰਚਾਰਜ ਸੀ.ਆਈ.ਏ. ਸ੍ਰੀ ਮੁਕਤਸਰ ਸਾਹਿਬ ਵੱਲੋਂ ਸਮੇਤ ਸਾਥੀ ਕਰਮਚਾਰੀਆਂ ਦੇ ਗਸ਼ਤ ਵਾ ਚੈਕਿੰਗ ਸ਼ੱਕੀ ਪੁਰਸ਼ਾਂ/ਵਹੀਕਲਾਂ ਦੇ ਸਬੰਧ ਵਿੱਚ ਪਿੰਡ ਚੱਕ ਕਾਲਾ ਸਿੰਘ ਵਾਲਾ ਤੋ ਪਿੰਡ ਰੋੜਾਂਵਾਲਾ ਨੂੰ ਜਾਂਦੀ ਸੜਕ ਪਰ ਪੁੱਲ ਸੂਆ ਤੇ ਨਾਕਾਬੰਦੀ ਕੀਤੀ ਹੋਈ ਸੀ.ਇਸੇ ਨਾਕਾਬੰਦੀ ਦੌਰਾਨ ਪਿੰਡ ਚੱਕ ਕਾਲਾ ਸਿੰਘ ਵਾਲਾ ਸਾਈਡ ਤੋ ਇੱਕ ਟਰੱਕ ਨੰਬਰੀ RJ-07-GB 0182 ਆਇਆ ਜਿਸਨੂੰ ਨਾਕਾ ਪਰ ਰੋਕਿਆ ਗਿਆ ਤਾਂ ਟਰੱਕ ਡਰਾਇਵਰ ਬਾਰੀ ਖੋਲ ਕੇ ਭੱਜਣ ਲੱਗਾ. ਪੁਲਿਸ ਪਾਰਟੀ ਵੱਲੋਂ ਟਰੱਕ ਡਰਾਇਵਰ B{z ਕਾਬੂ ਕੀਤਾ ਗਿਆ ਅਤੇ ਟਰੱਕ ਵਿੱਚ ਨਸ਼ੀਲੀ ਵਸਤੂ ਹੋਣ ਦਾ ਸ਼ੱਕ ਪੈਣ ਤੇ ਮੌਕਾ ਪਰ ਸ੍ਰੀ ਸੰਜੀਵ ਗੋਇਲ ਪੀ.ਪੀ.ਐਸ,ਉੱਪ ਕਪਤਾਨ ਪੁਲਿਸ (ਐਨ.ਡੀ.ਪੀ.ਐਸ),ਸ੍ਰੀ ਮੁਕਤਸਰ ਸਾਹਿਬ ਨੂੰ ਬਲਿਾ ਕੇ ਉਹਨਾ ਦੀ ਹਾਜਰੀ ਵਿੱਚ ਉਕਤ ਟਰੱਕ ਵਿੱਚੋ 12 ਗੱਟੇ ਡੋਡੇ ਪੋਸਤ, ਜਿਸ ਦਾ ਕੁੱਲ ਵਜ਼ਨ 02 ਕੁਇੰਟਲ 04 ਕਿਲੋ ਗ੍ਰਾਮ ਡੋਡੇ ਪੋਸਤ ਬ੍ਰਾਮਦ ਕੀਤੇ ਗਏ/. ਦੋਸ਼ੀ ਦੀ ਪਹਿਚਾਣ ਬੁੱਧ ਰਾਜ ਪੁੱਤਰ ਜੀਵਨ ਰਾਮ ਵਾਸੀ ਸੱਜਨਾਉਣ ਕੀ ਢਾਣੀ, ਘਟਿਆਲੀ ਜਿਲ੍ਹਾ ਫਲੌਦੀ ਰਾਜਸਥਾਨ ਵਜੋ ਹੋਈ। ਇਸ ਸਬੰਧੀ ਮੁਕੱਦਮਾ ਨੰਬਰ 210 ਮਿਤੀ 28.12.2023 ਅ/ਧ 15-ਸੀ,61/85 ਐਨ.ਡੀ.ਪੀ.ਐਸ. ਐਕਟ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਦਰਜ ਕੀਤਾ। ਦੌਰਾਨੇ ਤਫਤੀਸ਼ ਦੋਸ਼ੀ ਦਾ ਰੀਮਾਂਡ ਹਾਸਿਲ ਕਰਕੇ ਉਸ ਪਾਸੋ ਸਖਤੀ ਨਾਲ ਪੁੱਛ ਗਿੱਛ ਕੀਤੀ ਜਾਵੇਗੀ ਮੁਕੱਦਮੇ ਦੀ ਤਫਤੀਸ਼ ਜਾਰੀ ਹੈ।